ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

# ਜ਼ਿਲ੍ਹਾ ਪੱਧਰੀ ਪਲੇਸਮੈਂਟ ਕੈਂਪ 11 ਨਵੰਬਰ ਨੂੰ

ਫਾਜ਼ਿਲਕਾ, 9 ਨਵੰਬਰ (       )

ਪੰਜਾਬ ਸਰਕਾਰ ਵੱਲੋਂ ਘਰ ਘਰ ਰੋਜਗਾਰ ਪ੍ਰੋਗਰਾਮ ਤਹਿਤ ਮਿਤੀ 11 ਨਵੰਬਰ 2020 ਨੂੰ ਸਵੇਰੇ 9:30 ਵਜੇ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਓਰੋ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਚੌਥੀ ਮੰਜਿਲ, ਬਲਾਕ ਏ, ਕਮਰਾ ਨੰਬਰ 502 ਵਿਖੇ ਜ਼ਿਲ੍ਹਾ ਪੱਧਰੀ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਅਫ਼ਸਰ ਸ੍ਰੀ ਕ੍ਰਿਸ਼ਨ ਕੁਮਾਰ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿਚ ਨਾਮੀ ਕੰਪਨੀਆਂ ਰੌਕਮੈਨ ਇੰਡਸਟਰੀ ਲੁਧਿਆਣਾ, ਐਮ.ਟੀ.ਆਟੋਕ੍ਰਾਫਟ ਪ੍ਰਮਾਣੂ ਅਤੇ ਪੁਖਰਾਜ ਹੈਲਥਕੇਅਰ ਪ੍ਰਾਈਵੇਟ ਲਿਮ: ਭਾਗ ਲੈ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪਲੇਸਮੈਂਟ ਕੈਪ ਲਈ ਘੱਟੋ-ਘੱਟ ਆਈ.ਟੀ.ਆਈ/ਬਾਰਵੀਂ ਪਾਸ ਹੋਣਾ ਜਰੂਰੀ ਹੈ। ਹਰੇਕ ਪ੍ਰਾਰਥੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣਾ ਬਾਇਓ-ਡਾਟਾ, ਸਰਟੀਫਿਕੇਟ ਦੀ ਕਾਪੀਆਂ ਨਾਲ ਲੈ ਕੇ ਆਉਣ।

ਇਸ ਤੋਂ ਇਲਾਵਾ ਇਹ ਵੀ ਧਿਆਨ ਵਿਚ ਰੱਖਿਆ ਜਾਵੇ ਕਿ ਕੋਵਿਡ-19 ਮਹਾਂਮਾਰੀ ਦੇ ਚਲਦੇ ਪਲੇਸਮੈਂਟ ਕੈਂਪ ਵਿਚ ਭਾਗ ਲੈਣ ਰਹੇ ਹਰੇਕ ਪ੍ਰਾਰਥੀ ਦੁਆਰਾ ਮਾਸਕ ਦੀ ਵਰਤੋਂ ਕਰਨੀ ਯਕੀਨੀ ਬਣਾਈ ਜਾਵੇ। ਵਧੇਰੇ ਜਾਣਕਾਰੀ ਲਈ ਹੈਲਪ ਲਾਈਨ ਨੰਬਰ-89060-22220 ਤੇ ਸੰਪਰਕ ਕੀਤਾ ਜਾ ਸਕਦਾ ਹੈ।